# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :29-05-2026**

ਦਿਹਾਤੀ ਵਿਕਾਸ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਪ੍ਰਧਾਨ ਮੰਤਰੀ ਆਵਾਸ ਯੋਜਨਾ-ਗ੍ਰਾਮੀਣ ਤਹਿਤ ਪੰਜਾਬ, ਹਰਿਆਣਾ ਤੇ ਹਿਮਾਚਲ ਪ੍ਰਦੇਸ਼ ਸਮੇਤ 12 ਰਾਜਾਂ ਨੂੰ 10 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਰਕਮ ਜਾਰੀ ਕੀਤੀ ਏ। ਇਸ ਮੌਕੇ ਸ਼੍ਰੀ ਚੌਹਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਹ ਯਕੀਨੀ ਬਣਾਉਣ ਲਈ ਵਚਨਬੱਧ ਨੇ ਕਿ ਦੇਸ਼ ਵਿੱਚ ਕੋਈ ਵੀ ਗਰੀਬ ਵਿਅਕਤੀ ਕੱਚੇ ਘਰ ਵਿੱਚ ਨਾ ਰਹੇ। ਉਨ੍ਹਾਂ ਕਿਹਾ ਕਿ 4.95 ਕਰੋੜ ਘਰਾਂ ਦੇ ਟੀਚੇ ਦੇ ਮੁਕਾਬਲੇ, ਪ੍ਰਧਾਨ ਮੰਤਰੀ ਆਵਾਸ ਯੋਜਨਾ-ਗ੍ਰਾਮੀਣ (PMAY-G) ਤਹਿਤ ਤਿੰਨ ਕਰੋੜ 91 ਲੱਖ ਘਰਾਂ ਨੂੰ ਪਹਿਲਾਂ ਹੀ ਪ੍ਰਵਾਨਗੀ ਦਿੱਤੀ ਜਾ ਚੁੱਕੀ ਏ। ਸ਼੍ਰੀ ਚੌਹਾਨ ਨੇ ਕਿਹਾ ਕਿ ਤਿੰਨ ਕਰੋੜ ਤੋਂ ਵੱਧ ਘਰਾਂ ਦਾ ਨਿਰਮਾਣ ਪੂਰਾ ਹੋ ਚੁੱਕਾ ਏ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਖ-ਵੱਖ ਭਲਾਈ ਯੋਜਨਾਵਾਂ ਨਾਲ ਪੇਂਡੂ ਪਰਿਵਾਰਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਕੰਮ ਕਰ

ਰਹੀ ਏ। ਕੇਂਦਰੀ ਮੰਤਰੀ ਨੇ ਕਿਹਾ ਕਿ ਆਵਾਸ ਯੋਜਨਾ-ਗ੍ਰਾਮੀਣ ਅਧੀਨ ਮਨਜ਼ੂਰ ਕੀਤੇ ਗਏ ਲਗਭਗ 75 ਫੀਸਦੀ ਘਰ ਜਾਂ ਤਾਂ ਔਰਤਾਂ ਦੇ ਨਾਮ 'ਤੇ ਨੇ ਜਾਂ ਸਾਂਝੇ ਮਾਲਕੀ ਹੇਠ ਨੇ

--------------------------------------------------------------------

ਸੂਬੇ ਦੀਆਂ 102 ਸਥਾਨਕ ਇਕਾਈਆਂ ਲਈ ਹੋਈਆਂ ਚੋਣਾਂ ਲਈ ਵੋਟਾਂ ਦੀ ਗਿਣਤੀ ਸਵੇਰੇ 8 ਵਜੇ ਤੋਂ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਜਾਰੀ ਏ। ਸਾਡੇ ਪੱਤਰਕਾਰਾਂ ਨੇ ਦੱਸਿਆ ਏ ਕਿ ਜ਼ਿਲ੍ਹਾ ਚੋਣ ਅਧਿਕਾਰੀਆਂ ਨੇ ਕਈ ਥਾਵਾਂ 'ਤੇ ਉਮੀਦਵਾਰ ਜੇਤੂ ਐਲਾਨ ਦਿੱਤੇ ਨੇ ਤੇ ਉਹ ਆਪਣੀ ਜਿੱਤ ਦਾ ਜਸ਼ਨ ਮਨਾ ਰਹੇ ਨੇ। ਇਸੇ ਦੌਰਾਨ ਰਾਜ ਚੋਣ ਕਮਿਸ਼ਨ ਮੁਤਾਬਿਕ ਖ਼ਬਰ ਲਿਖੇ ਜਾਣ ਤਕ ਆਪ ਨੇ 201, ਕਾਂਗਰਸ ਨੇ 55, ਸ਼੍ਰੋਮਣੀ ਅਕਾਲੀ ਦਲ ਨੇ 61, ਅਜ਼ਾਦ ਉਮੀਦਵਾਰਾਂ ਨੇ 61, ਭਾਜਪਾ ਨੇ 11 ਅਤੇ ਬਸਪਾ ਨੇ ਇੱਕ ਸੀਟ ਉੱਤੇ ਜਿੱਤ ਪ੍ਰਾਪਤ ਕਰ ਲਈ ਏ। ਕਮਿਸ਼ਨ ਮੁਤਾਬਿਕ ਸੂਬੇ ਭਰ ਦੇ 1977 ਵਾਰਡਾਂ ਚੋਂ 80 ਵਾਰਡ ਅਜਿਹੇ ਨੇ ਜਿੱਥੇ ਉਮੀਦਵਾਰ ਸਰਬ ਸਮਤੀ ਨਾਲ ਚੁਣੇ ਜਾਂ ਚੁੱਕੇ ਨੇ। ਇਹਨਾਂ ਚੋਣਾਂ ਵਿੱਚ ਆਮ ਆਦਮੀ ਪਾਰਟੀ, ਕਾਂਗਰਸ, ਭਾਜਪਾ, ਸ਼੍ਰੋਮਣੀ ਅਕਾਲੀ ਦਲ ਤੇ ਆਜ਼ਾਦ ਸਮੇਤ ਕੁੱਲ 7,554 ਉਮੀਦਵਾਰ ਚੋਣ ਮੈਦਾਨ ਵਿਚ ਨੇ। ਅੰਤਿਮ ਗਿਣਤੀ ਰਾਜ ਚੋਣ ਕਮਿਸ਼ਨ ਵੱਲੋਂ ਜਲਦੀ ਹੀ ਜਾਰੀ ਕੀਤੀ

ਜਾਵੇਗੀ । ਇਹਨਾਂ ਚੋਣਾਂ ਲਈ 26 ਮਈ ਨੂੰ ਵੋਟਾਂ ਪਈਆਂ ਸਨ, ਜਿਸ ਵਿੱਚ ਕੁੱਲ 35 ਲੱਖ ਤੋਂ ਵੱਧ ਵੋਟਰਾਂ ਵਿੱਚੋਂ, 22 ਲੱਖ 38 ਹਜ਼ਾਰ 241 ਵੋਟਰਾਂ ਨੇ ਵੋਟਾਂ ਪਾਈਆਂ, ਜਿਸ ਨਾਲ ਲਗਭਗ 64 ਫੀਸਦੀ ਮਤਦਾਨ ਦਰਜ ਕੀਤਾ ਗਿਆ।

-----------------------------------------------------------------------

ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਵਿਚ ਪੜ੍ਹ ਰਹੀਆਂ ਕਿਸ਼ੋਰ ਅਵਸਥਾ ਦੀਆਂ ਕੁੜੀਆਂ ਲਈ ਭਾਰਤ ਦੀ ਇੱਕ ਸਭ ਤੋਂ ਵੱਡੀ ਸਕੂਲ-ਅਧਾਰਤ ਮਾਹਵਾਰੀ ਸਿਹਤ ਸਿੱਖਿਆ ਪਹਿਲਕਦਮੀ ਦੀ ਸੁਰੂਆਤ ਕੀਤੀ ਏ । ਬੀਤੇ ਕਲ ਮਾਹਵਾਰੀ ਸਿਹਤ ਸਫਾਈ ਦਿਵਸ ਮੌਕੇ ਪੰਜਾਬ ਸਰਕਾਰ ਨੇ ਸੂਬੇ ਦੇ ਸਾਰੇ 23 ਜ਼ਿਲਿਆਂ ਦੇ ਸਰਕਾਰੀ ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ ਵਿਚ "ਮਾਹਵਾਰੀ ਸਫਾਈ ਪਾਠਕ੍ਰਮ" ਦੇ ਪੜਾਅਵਾਰ ਸੂਬਾ ਪੱਧਰੀ ਵਿਸਥਾਰ ਦਾ ਐਲਾਨ ਕੀਤਾ ਸੀ, ਜਿਸ ਦਾ ਪਹਿਲਾ ਸੈਸ਼ਨ ਇਨ੍ਹਾਂ ਸਰਕਾਰੀ ਸਕੂਲਾਂ ਵਿੱਚ ਅਜ ਕਰਵਾਇਆ ਜਾ ਰਿਹਾ ਏ । ਇਸ ਪਹਿਲਕਦਮੀ ਨਾਲ 3,600 ਤੋਂ ਵੱਧ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੀਆਂ 6ਵੀਂ ਤੋਂ 10ਵੀਂ ਜਮਾਤ ਦੀਆਂ 3.4 ਲੱਖ ਤੋਂ ਵੱਧ ਵਿਦਿਆਰਥਣਾਂ ਨੂੰ ਸਿੱਧੇ ਤੌਰ 'ਤੇ ਲਾਭ ਹੋਣ ਦੀ ਉਮੀਦ ਏ । ਇਹ ਪਹਿਲਕਦਮੀ ਸਰਕਾਰ ਵੱਲੋਂ ਜਨਤਕ ਸਿੱਖਿਆ ਪ੍ਰਣਾਲੀ ਨੂੰ ਆਧੁਨਿਕ

ਤੇ ਸਾਰਿਆਂ ਲਈ ਪਹੁੰਚਯੋਗ ਬਣਾਉਣ ਵੱਲ ਦਿੱਤੀ ਜਾ ਰਹੀ ਤਰਜੀਹ ਨੂੰ ਦਰਸਾਉਂਦੀ ਏ ਜਿੱਥੇ ਕੁੜੀਆਂ ਜਾਗਰੂਕਤਾ, ਆਤਮਵਿਸਵਾਸ, ਮਾਣ ਤੇ ਮਿਆਰੀ ਸਿਹਤ ਜਾਣਕਾਰੀ ਤੱਕ ਪਹੁੰਚ ਪ੍ਰਦਾਨ ਕੀਤੀ ਜਾਂਦੀ ਏ। ਮਾਹਵਾਰੀ ਸਿਹਤ ਸਿੱਖਿਆ ਨੂੰ ਇੰਨੇ ਵੱਡੇ ਪੱਧਰ 'ਤੇ ਜਮਾਤਾਂ ਤੱਕ ਲਿਜਾ ਕੇ, ਪੰਜਾਬ ਸਰਕਾਰ ਨੇ ਇਕ ਅਜਿਹੇ ਸਮਾਜ ਸਿਰਜਣ ਦੀ ਕੋਸਿਸ਼ ਕੀਤੀ ਏ ,ਜੋ ਰਵਾਇਤੀ ਤੌਰ 'ਤੇ ਚੁੱਪ, ਝਿਜਕ, ਮਿੱਥਾਂ ਤੇ ਸਮਾਜਿਕ ਭੈਅ ਨਾਲ ਘਿਰਿਆ ਹੋਇਆ ਸੀ।

---

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੱਲ ਇੱਕ ਸਮਾਗਮ ਦੌਰਾਨ ਕਪੂਰਥਲਾ ਦੇ ਪਿੰਡ ਸੀਚੇਵਾਲ ਵਿਖੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨਾਲ ਸੰਤ ਅਵਤਾਰ ਸਿੰਘ ਮੈਮੋਰੀਅਲ ਹਾਕੀ ਸਟੇਡੀਅਮ ਵਿਖੇ ਇਕ ਨਵੇਂ ਐਸਟ੍ਰੋਟਰਫ ਗ੍ਰਾਉਂਡ ਦਾ ਉਦਘਾਟਨ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿਸਵ ਪੱਧਰੀ ਸਰਕਾਰੀ ਸਕੂਲਾਂ, ਹਸਪਤਾਲਾਂ, ਸੜਕਾਂ ਤੇ ਖੇਡ ਸਹੂਲਤਾਂ ਰਾਹੀਂ ਤੇਜੀ ਨਾਲ ਪ੍ਰਗਤੀ ਕਰ ਰਿਹਾ ਏ। ਉਨ੍ਹਾਂ ਕਿਹਾ ਕਿ ਪੰਜਾਬ ਮਹਾਨ ਗੁਰੂਆਂ, ਸੰਤਾਂ ਤੇ ਪੈਗੰਬਰਾਂ ਦੀ ਪਵਿੱਤਰ ਧਰਤੀ ਏ , ਜਿਨ੍ਹਾਂ ਸਾਨੂੰ ਆਪਸੀ ਪਿਆਰ ਤੇ ਸਹਿਣਸੀਲਤਾ ਦਾ ਰਸਤਾ

ਦਿਖਾਇਆ ਏ। ਉਹਨਾਂ ਕਿਹਾ ਕਿ ਲੋਕਾਂ ਦਰਮਿਆਨ ਸਮਾਜਿਕ ਤੰਦਾਂ ਪਹਿਲਾਂ ਹੀ ਬਹੁਤ ਮਜਬੂਤ ਨੇ ਤੇ ਇਸ ਨੂੰ ਹੋਰ ਮਜਬੂਤ ਕਰਨ ਲਈ ਸਾਰਿਆਂ ਨੂੰ ਇਕਜੁੱਟ ਹੋਣਾ ਚਾਹੀਦਾ ਏ।

---------------------------------------------------------------------

ਪੰਜਾਬ ਪ੍ਰਦੂਸਣ ਰੋਕਥਾਮ ਬੋਰਡ ਵੱਲੋਂ ਜੀਰਕਪੁਰ ਵਿਖੇ ਬਿਲਡਰ ਵੈਲਫੇਅਰ ਐਸੋਸੀਏਸਨ ਨਾਲ ਮੀਟਿੰਗ ਕੀਤੀ ਗਈ, ਜਿਸ ਦਾ ਉਦੇਸ ਵਾਤਾਵਰਣ ਸਬੰਧੀ ਨਿਯਮਾਂ ਨੂੰ ਸਰਲ ਬਣਾਉਣਾ ਤੇ ਬਿਲਡਰਾਂ ਨੂੰ ਉਸਾਰੀ ਤੇ ਹਾਊਸਿੰਗ ਪ੍ਰੋਜੈਕਟਾਂ ਨਾਲ ਸਬੰਧਤ ਕਾਨੂੰਨੀ ਨਿਯਮਾਂ ਬਾਰੇ ਸੇਧ ਦੇਣਾ ਸੀ। ਅਧਿਕਾਰੀਆਂ ਨੇ ਇਸ ਗੱਲ 'ਤੇ ਜੋਰ ਦਿੱਤਾ ਕਿ ਬੋਰਡ ਦਾ ਮਕਸਦ ਸਿਰਫ ਕਾਨੂੰਨ ਲਾਗੂ ਕਰਨਾ ਹੀ ਨਹੀਂ, ਸਗੋਂ ਬਿਹਤਰ ਤਾਲਮੇਲ ਤੇ ਪਾਰਦਰਸਤਾ ਰਾਹੀਂ ਵਾਤਾਵਰਣ ਪੱਖੀ ਤੇ ਟਿਕਾਊ ਸਹਿਰੀ ਵਿਕਾਸ ਵਿੱਚ ਮਦਦ ਕਰਨਾ ਏ। ਮੀਟਿੰਗ ਦੌਰਾਨ ਪ੍ਰੋਜੈਕਟਾਂ ਦੀ ਉਸਾਰੀ ਦੌਰਾਨ ਵਾਤਾਵਰਣ ਕਲੀਅਰੈਂਸ (ਈ.ਸੀ.) ਦੀਆਂ ਸਰਤਾਂ ਦੀ ਪਾਲਣਾ ਕਰਨ ਦੀ ਮਹੱਤਤਾ 'ਤੇ ਜੋਰ ਦਿੱਤਾ ਗਿਆ। ਉਨ੍ਹਾਂ ਸਲਾਹ ਦਿੱਤੀ ਕਿ ਉਸਾਰੀ ਦੇ ਪੜਾਅ ਦੌਰਾਨ ਵਾਤਾਵਰਣ ਦੇ ਨਿਯਮਾਂ ਨੂੰ ਵੱਡੇ ਬੋਰਡਾਂ 'ਤੇ ਪਰਦਰਸ਼ਿਤ ਕੀਤਾ ਜਾਵੇ ਤਾਂ ਜੋ ਉੱਥੇ ਕੰਮ ਕਰ ਰਹੇ

ਸਟਾਫ ਤੇ ਮਜਦੂਰਾਂ ਨੂੰ ਇਨ੍ਹਾਂ ਨਿਯਮਾਂ ਨੂੰ ਲਾਗੂ ਕਰਨ ਬਾਰੇ ਲਗਾਤਾਰ ਯਾਦ ਰਹੇ।

--------------------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ ਗਰਜ ਤੇ ਚਮਕ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਦੀ ਭਵਿੱਖਬਾਣੀ ਕੀਤੀ ਏ ਤੇ ਇੱਥੇ ਓਰੰਜ ਤੇ ਰੈੱਡ ਅਲਰਟ ਜਾਰੀ ਕੀਤਾ ਏ, ਵਿਭਾਗ ਨੇ ਚੰਡੀਗੜ੍ਹ ਵਿੱਚ ਵੀ ਭਾਰੀ ਬਾਰਿਸ਼, ਤੇਜ਼ ਹਵਾਵਾਂ ਤੇ ਗੜੇਮਾਰੀ ਲਈ ਲਾਲ ਅਲਰਟ ਜਾਰੀ ਕੀਤਾ ਏ, ਜਿੱਥੇ ਅੱਜ ਸ਼ਾਮ ਨਿਊ ਚੰਡੀਗੜ੍ਹ ਦੇ ਪੀਸੀਏ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ ਵਿੱਚ ਗੁਜਰਾਤ ਟਾਈਟਨਜ਼ ਤੇ ਰਾਜਸਥਾਨ ਰਾਇਲਜ਼ ਵਿਚਕਾਰ ਆਈਪੀਐਲ ਕੁਆਲੀਫਾਇਰ 2 ਦਾ ਮੁਕਾਬਲਾ ਹੋਣਾ ਏ । ਇਸੇ ਦੌਰਾਨ ਅੱਜ ਦੋਵਾਂ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਦੀਗੜ੍ਹ ਵਿੱਚ ਤਾਪਮਾਨ ਕੱਲ੍ਹ ਦੇ ਮੁਕਾਬਲੇ ਘੱਟ ਏ ।